# ਆਕਾਸ਼ਵਾਣੀ ਜਲੰਧਰ

# ਰਾਸ਼ਟਰੀ ਖਬਰਾਂ ਪੰਜਾਬੀ

# 08:30

**ਮਿਤੀ :02-10-2026**

***ਪਹਿਲਾ ਬੁਲੇਟਿਨ ਦੀਆਂ ਖਾਸ ਖਬਰਾਂ***

- ਦੇਸ਼ ਅੱਜ ਰਾਸ਼ਟਰ ਪਿਤਾ ਮਹਾਤਮਾ ਗਾਂਧੀ ਤੇ ਸਾਬਕਾ ਪ੍ਰਧਾਨ ਮੰਤਰੀ ਲਾਲ ਬਹਾਦੁਰ ਸ਼ਾਸਤਰੀ ਨੂੰ ਉਨ੍ਹਾਂ ਦੀ  ਜਨਮ ਵਰ੍ਹੇਗੰਢ 'ਤੇ ਸ਼ਰਧਾਂਜਲੀ ਭੇਟ ਕਰ ਰਿਹਾ ਏ.

- ਗਾਂਧੀ ਜਯੰਤੀ ਦੇ ਮੌਕੇ 'ਤੇ ਅੱਜ ਦੇਸ਼ ਭਰ ਵਿੱਚ ਵਿਸ਼ੇਸ਼ ਗ੍ਰਾਮ ਸਭਾਵਾਂ ਹੋਣਗੀਆਂ।

- ਸ਼ਹਿਰੀ ਹਵਾਬਾਜ਼ੀ ਮੰਤਰਾਲੇ ਨੇ ਹਵਾਬਾਜ਼ੀ ਸੁਰੱਖਿਆ ਪ੍ਰਕਿਰਿਆਵਾਂ ਨੂੰ ਸਰਲ ਅਤੇ ਤੇਜ਼ ਕਰਨ ਲਈ ਕਈ ਸੁਧਾਰ ਸ਼ੁਰੂ ਕੀਤੇ.

- ਸਾਊਦੀ ਅਰਬ ਨੇ ਤੇਲ ਅਵੀਵ ਜਾ ਰਹੀ FLY ਦੁਬਈ  ਦੀ ਉਡਾਣ ‘ਚ ਹਮਲਾ ਕਰਨ ਵਾਲੇ ਓਮਾਨੀ ਸਹਿ-ਪਾਇਲਟ ਨੂੰ ਜਾਂਚ ਲਈ ਸੰਯੁਕਤ ਅਰਬ ਅਮੀਰਾਤ ਦੇ ਹਵਾਲੇ ਕਰ ਦਿੱਤਾ ਏ ।

- ਰੂਸੀ ਰਾਸ਼ਟਰਪਤੀ ਵਲਾਦੀਮੀਰ ਪੁਤਿਨ ਨੇ ਕਿਹੈ ਕਿ ਯੂਕਰੇਨ ਸੰਘਰਸ਼ ਦਾ ਸ਼ਾਂਤੀਪੂਰਨ ਹੱਲ ਲੱਭਣ ਲਈ ਪ੍ਰਧਾਨ ਮੰਤਰੀ ਨਰੇਂਦਰ ਮੋਦੀ ਦੇ ਵਿਚਾਰ ਬੇਹਦ ਚੰਗੇ ਨੇ.

- ਭਾਰਤ ਦੀ ਔਰਤਾਂ ਦੀ ਰਿਕਰਵ ਤੀਰਅੰਦਾਜ਼ੀ ਟੀਮ ਨੇ ਏਸ਼ਿਆਈ ਖੇਡਾਂ ਵਿਚ ਆਪਣਾ ਪਹਿਲਾ ਸੋਨੇ ਦਾ ਤਮਗਾ ਜਿੱਤ ਕੇ ਇਤਿਹਾਸ ਰਚ ਦਿੱਤਾ ਏ।

## *ਹੁਣ ਖਬਰਾਂ ਵਿਸਥਾਰ ਨਾਲ*

ਪੂਰਾ ਦੇਸ਼ ਅੱਜ ਰਾਸ਼ਟਰ ਪਿਤਾ ਮਹਾਤਮਾ ਗਾਂਧੀ ਨੂੰ ਉਨ੍ਹਾਂ ਦੀ 157ਵੀਂ ਜਯੰਤੀ 'ਤੇ ਸ਼ਰਧਾਂਜਲੀ ਭੇਟ ਕਰ ਰਿਹਾ ਏ। ਇਸ ਮੌਕੇ 'ਤੇ ਦੇਸ਼ ਭਰ ਵਿੱਚ ਅਤੇ ਵਿਦੇਸ਼ਾਂ ਵਿੱਚ ਭਾਰਤੀ ਮਿਸ਼ਨਾਂ ਵਲੋਂ ਵੀ ਕਈ ਪ੍ਰੋਗਰਾਮ ਕਰਾਏ ਜਾ ਰਹੇ ਨੇ. ਗਾਂਧੀ ਜਯੰਤੀ ਦੇ ਮੌਕੇ 'ਤੇ, ਰਾਸ਼ਟਰਪਤੀ ਦ੍ਰੋਪਦੀ ਮੁਰਮੂ ਨੇ ਰਾਸ਼ਟਰ ਪਿਤਾ ਮਹਾਤਮਾ ਗਾਂਧੀ ਨੂੰ ਉਨ੍ਹਾਂ ਦੀ 157ਵੀਂ ਜਯੰਤੀ 'ਤੇ ਸ਼ਰਧਾਂਜਲੀ ਭੇਟ ਕੀਤੀ ਏ। ਉਨ੍ਹਾਂ ਕਿਹਾ ਕਿ ਮਹਾਤਮਾ ਗਾਂਧੀ ਦੇ ਜੀਵਨ ਅਤੇ ਆਦਰਸ਼ਾਂ ਦਾ ਦੁਨੀਆ ਭਰ ਵਿੱਚ ਸਤਿਕਾਰ ਕੀਤਾ ਜਾਂਦਾ ਏ। ਰਾਸ਼ਟਰਪਤੀ ਨੇ ਕਿਹਾ ਕਿ ਦੁਨੀਆ ਦੇ ਕਈ ਹਿੱਸਿਆਂ ਵਿੱਚ ਜੰਗ ਅਤੇ ਟਕਰਾਅ ਦੇ ਸੰਦਰਭ ਵਿੱਚ, ਗਾਂਧੀ ਜੀ ਦਾ ਸ਼ਾਂਤੀ ਅਤੇ ਅਹਿੰਸਾ ਦਾ ਸੰਦੇਸ਼ ਪਹਿਲਾਂ ਨਾਲੋਂ ਕਿਤੇ ਜ਼ਿਆਦਾ ਪ੍ਰਸੰਗਿਕ ਹੋ ਗਿਆ ਏ। ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਗਾਂਧੀ ਜਯੰਤੀ ਦੇ ਮੌਕੇ ‘ਤੇ ਨਵੀਂ ਦਿੱਲੀ ‘ਚ ਗਾਂਧੀ ਜੀ ਦੀ ਸਮਾਧੀ ਰਾਜ ਘਾਟ  ਵਿਖੇ ਫੁੱਲਾਂ ਨਾਲ ਸ਼ਰਧਾਂਜਲੀ ਭੇਂਟ

ਕੀਤੀ. ਰਾਜਘਾਟ ਵਿਖੇ ਇੱਕ ਸਰਬ-ਧਰਮ ਪ੍ਰਾਰਥਨਾ ਸਭਾ ਹੋ ਰਹੀ ਏ | ਇਸ ਮੌਕੇ ਗੁਜਰਾਤ ਵਿੱਚ ਕਈ ਸਮਾਗਮ ਹੋ ਰਹੇ ਨੇ. ਮੁੱਖ ਮੰਤਰੀ ਭੂਪੇਂਦਰ ਪਟੇਲ ਪੋਰਬੰਦਰ ਵਿੱਚ ਮਹਾਤਮਾ ਗਾਂਧੀ ਦੇ ਜਨਮ ਸਥਾਨ, ਕੀਰਤੀ ਮੰਦਿਰ ਵਿੱਚ ਇੱਕ ਪ੍ਰਾਰਥਨਾ ਸਭਾ ਵਿੱਚ ਸ਼ਾਮਲ ਹੋਣਗੇ। ਅਹਿਮਦਾਬਾਦ ਦੇ ਸਾਬਰਮਤੀ ਆਸ਼ਰਮ ਵਿੱਚ ਇੱਕ ਸਰਬ-ਧਰਮ ਪ੍ਰਾਰਥਨਾ ਕੀਤੀ ਜਾਵੇਗੀ। ਰਾਜ ਭਰ ਵਿੱਚ ਵੱਡੇ ਪੱਧਰ 'ਤੇ ਸਵਛਤਾ ਮੁਹਿੰਮਾਂ ਵੀ ਚਲਾਈਆਂ ਜਾ ਰਹੀਆਂ ਨੇ.

---------------------------------------------------------

ਗਾਂਧੀ ਜਯੰਤੀ ਦੇ ਮੌਕੇ 'ਤੇ ਅੱਜ ਦੇਸ਼ ਭਰ ਵਿੱਚ ਵਿਸ਼ੇਸ਼ ਗ੍ਰਾਮ ਸਭਾਵਾਂ ਹੋਣਗੀਆਂ। ਇਨ੍ਹਾਂ ਸਭਾਵਾਂ ਵਿੱਚ ਦਿਹਾਤੀ ਭਾਰਤ ਵਿੱਚ ਪੰਚਾਇਤੀ ਰਾਜ ਨੂੰ ਮਜ਼ਬੂਤ ਕਰਨ, ਜਨਤਕ ਸੇਵਾਵਾਂ ਨੂੰ ਬਿਹਤਰ ਬਣਾਉਣ ਅਤੇ ਪਿੰਡਾਂ ਦੇ ਜੀਵਨ ਪੱਧਰ ਨੂੰ ਬਿਹਤਰ ਬਣਾਉਣ ਲਈ ਕੀਤੇ ਜਾ ਰਹੇ ਪ੍ਰਸ਼ਾਸਕੀ ਸੁਧਾਰਾਂ 'ਤੇ ਚਰਚਾ ਹੋਏਗੀ. ਦਿਹਾਤੀ ਵਿਕਾਸ ਮੰਤਰਾਲੇ ਮੁਤਾਬਿਕ, ਇਹ ਵਿਸ਼ੇਸ਼ ਗ੍ਰਾਮ ਸਭਾਵਾਂ ਦੇ ਨਾਲ ਹੀ ਜਨ ਯੋਜਨਾ ਮੁਹਿੰਮ 2026-27 - ਸਬਕੀ ਯੋਜਨਾ, ਸਬਕਾ ਵਿਕਾਸ ਦੀ ਵੀ ਸ਼ੁਰੂਆਤ ਹੋਏਗੀ. ਇਸ ਮੁਹਿੰਮ ਤਹਿਤ, ਗ੍ਰਾਮ ਪੰਚਾਇਤਾਂ ਜਨਤਕ ਹਿੱਸੇਦਾਰੀ ਅਤੇ ਤੱਥਾਂ ਦੇ ਆਧਾਰ 'ਤੇ ਮਾਲੀ ਸਾਲ 2027-28 ਲਈ ਆਪਣੀਆਂ ਵਿਕਾਸ ਯੋਜਨਾਵਾਂ ਤਿਆਰ ਕਰਨਗੀਆਂ। ਇਹ ਜਨ ਯੋਜਨਾ ਮੁਹਿੰਮ 2018 ਤੋਂ ਸਾਰੇ ਰਾਜਾਂ ਅਤੇ ਕੇਂਦਰ ਸ਼ਾਸਿਤ ਪ੍ਰਦੇਸ਼ਾਂ ਵਿੱਚ ਚੱਲ ਰਹੀ ਏ ਤਾਂ ਜੋ ਪੰਚਾਇਤਾਂ ਨੂੰ ਸਮਾਵੇਸ਼ੀ ਅਤੇ ਹਿੱਸੇਦਾਰੀ ਵਾਲੀਆਂ ਵਿਕਾਸ ਯੋਜਨਾਵਾਂ

ਤਿਆਰ ਕਰਨ ਦੇ ਯੋਗ ਬਣਾਇਆ ਜਾ ਸਕੇ। ਦੇਸ਼ ਭਰ ਵਿੱਚ 2 ਲਖ 55 ਹਜ਼ਾਰ ਤੋਂ ਵੱਧ ਗ੍ਰਾਮ ਪੰਚਾਇਤਾਂ ਆਪਣੀਆਂ ਯੋਜਨਾਵਾਂ ਤਿਆਰ ਕਰ ਕੇ ਉਨ੍ਹਾਂ ਨੂੰ 'ਈ-ਗ੍ਰਾਮ ਸਵਰਾਜ' ਪੋਰਟਲ 'ਤੇ ਅਪਲੋਡ ਕਰਦੀਆਂ ਨੇ. ਇਨ੍ਹਾਂ ਗ੍ਰਾਮ ਸਭਾਵਾਂ ਵਿੱਚ, ਆਮ ਨਾਗਰਿਕ ਅਤੇ ਸਥਾਨਕ ਪ੍ਰਤੀਨਿਧੀ ਇਕੱਠੇ ਹੋ ਕੇ ਸਰਕਾਰੀ ਯੋਜਨਾਵਾਂ ਦੀ ਸਮੀਖਿਆ ਕਰਨਗੇ ਅਤੇ ਆਪਣੇ ਪਿੰਡਾਂ ਲਈ ਵਿਕਾਸ ਤਰਜੀਹਾਂ ਤੈਅ ਕਰਨਗੇ ।

---------------------------------------------------------------

ਦੇਸ਼ ਅੱਜ ਸਾਬਕਾ ਪ੍ਰਧਾਨ ਮੰਤਰੀ ਲਾਲ ਬਹਾਦੁਰ ਸ਼ਾਸਤਰੀ ਜੀ ਨੂੰ ਵੀ ਉਨ੍ਹਾਂ ਦੀ 122ਵੀਂ ਜਨਮ ਵਰ੍ਹੇਗੰਢ 'ਤੇ ਸ਼ਰਧਾਂਜਲੀ ਭੇਟ ਕਰ ਰਿਹਾ ਏ. ਉਨ੍ਹਾਂ ਦਾ ਜਨਮ 2 ਅਕਤੂਬਰ 1904 ਨੂੰ ਪੰਡਿਤ ਦੀਨ ਦਿਆਲ ਉਪਾਧਿਆਏ ਨਗਰ, ਜਿਸਨੂੰ ਪਹਿਲਾਂ ਉੱਤਰ ਪ੍ਰਦੇਸ਼ ਵਿੱਚ ਮੁਗਲਸਰਾਏ ਵਜੋਂ ਜਾਣਿਆ ਜਾਂਦਾ ਸੀ, ਵਿਖੇ ਹੋਇਆ ਸੀ। ਕਿਸ਼ੋਰ ਅਵਸਥਾ ਵਿੱਚ, ਉਹ ਭਾਰਤ ਦੇ ਆਜ਼ਾਦੀ ਸੰਗਰਾਮ ਵਿੱਚ ਸ਼ਾਮਲ ਹੋਏ ਅਤੇ 1921 ਵਿੱਚ ਅਸਹਿਯੋਗ ਅੰਦੋਲਨ ਵਿੱਚ ਹਿੱਸਾ ਲਿਆ। ਆਜ਼ਾਦੀ ਤੋਂ ਬਾਅਦ, ਸ਼ਾਸਤਰੀ ਜੀ ਨੇ ਉੱਤਰ ਪ੍ਰਦੇਸ਼ ਅਤੇ ਬਾਅਦ ਵਿੱਚ ਕੇਂਦਰ ਸਰਕਾਰ ਵਿੱਚ ਕਈ ਮਹੱਤਵਪੂਰਨ ਅਹੁਦਿਆਂ 'ਤੇ ਕੰਮ ਕੀਤਾ । ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਸ਼ਾਸਤਰੀ ਜੀ ਨੂੰ ਨਵੀਂ ਦਿੱਲੀ ‘ਚ ਓਹਨਾਂ ਦੀ ਸਮਾਧੀ ਵਿਜੈ ਘਾਟ ਵਿਖੇ ਫੁੱਲਾਂ ਨਾਲ ਸ਼ਰਧਾਂਜਲੀ ਭੇਂਟ ਕੀਤੀ.

---

ਸ਼ਹਿਰੀ ਹਵਾਬਾਜ਼ੀ ਮੰਤਰਾਲੇ ਨੇ ਭਾਰਤੀ ਹਵਾਈ ਅੱਡਿਆਂ 'ਤੇ ਕੰਮ ਕਰਨ ਵਾਲਿਆਂ ਲਈ ਹਵਾਬਾਜ਼ੀ ਸੁਰੱਖਿਆ ਪ੍ਰਕਿਰਿਆਵਾਂ ਨੂੰ ਸਰਲ ਅਤੇ ਤੇਜ਼ ਕਰਨ ਲਈ ਕਈ ਸੁਧਾਰ ਸ਼ੁਰੂ ਕੀਤੇ ਨੇ. ਨਵੀਂ ਦਿੱਲੀ ਵਿੱਚ ਕਾਰਜਸ਼ੀਲ ਕੁਸ਼ਲਤਾ ਅਤੇ ਕੰਮ – ਕਾਜ ਕਰਨ ਵਿੱਚ ਆਸਾਨੀ ਨੂੰ ਬਿਹਤਰ ਬਣਾਉਣ ਲਈ ਸਿਵਲ ਹਵਾਬਾਜ਼ੀ ਸੁਰੱਖਿਆ ਬਿਊਰੋ ਦੇ ਸੁਧਾਰਾਂ ਬਾਰੇ ਪੱਤਰਕਾਰਾਂ ਨੂੰ ਜਾਣਕਾਰੀ ਦਿੰਦੇ ਹੋਏ, ਸਿਵਲ ਹਵਾਬਾਜ਼ੀ ਸਕੱਤਰ ਸਮੀਰ ਕੁਮਾਰ ਸਿਨਹਾ ਨੇ ਕਿਹਾ ਕਿ ਇਹਨਾਂ ਵੱਡੇ ਬਦਲਾਅ ਦਾ ਉਦੇਸ਼ ਸੁਰੱਖਿਆ ਦੇ ਸਰ੍ਬੁਚ ਮਿਆਰਾਂ ਨੂੰ ਬਣਾਈ ਰੱਖਦੇ ਹੋਏ ਵਰਕਫਲੋ ਨੂੰ ਡਿਜੀਟਾਈਜ਼ ਕਰਨਾ, ਪ੍ਰਕਿਰਿਆਵਾਂ ਨੂੰ ਸਰਲ ਬਣਾਉਣਾ ਅਤੇ ਜਵਾਬਦੇਹੀ-ਅਧਾਰਿਤ ਸੁਸ਼ਾਸਨ ਵੱਲ ਵਧਣਾ ਏ । ਮੰਤਰਾਲੇ ਨੇ ਕਿਹਾ ਕਿ ਬਿਊਰੋ ਨੇ ਸੁਰੱਖਿਆ ਪ੍ਰਵਾਨਗੀ ਪ੍ਰਕਿਰਿਆ ਨੂੰ ਸਰਲ ਬਣਾਇਆ ਏ । ਸੁਰੱਖਿਆ ਪ੍ਰਵਾਨਗੀਆਂ ਹੁਣ ਕਿਸੇ ਖਾਸ ਸ਼੍ਰੇਣੀ ਜਾਂ ਪ੍ਰਕਿਰਿਆ ਦੇ ਅਧੀਨ ਨਹੀਂ ਹੋਣਗੀਆਂ, ਸਗੋਂ ਹਵਾਬਾਜ਼ੀ ਸੰਸਥਾਵਾਂ ਦੀਆਂ ਨੇਂ ਪਛਾਣੀਆਂ ਗਈਆਂ ਸ਼੍ਰੇਣੀਆਂ 'ਤੇ ਲਾਗੂ ਹੋਣਗੀਆਂ। ਮੰਤਰਾਲੇ ਨੇ ਕਿਹਾ ਕਿ ਇਹ ਸੁਧਾਰ ਜ਼ਰੂਰੀ ਨੇ ਕਿਉਂਕਿ ਭਾਰਤ ਦੁਨੀਆ ਦਾ ਤੀਜਾ ਸਭ ਤੋਂ ਵੱਡਾ ਘਰੇਲੂ ਹਵਾਬਾਜ਼ੀ ਬਾਜ਼ਾਰ ਬਣ ਗਿਆ ਏ ਅਤੇ ਕਾਰਜਸ਼ੀਲ ਹਵਾਈ ਅੱਡਿਆਂ ਦੀ ਗਿਣਤੀ 2014 ਵਿੱਚ 74 ਤੋਂ ਵਧ ਕੇ ਜੁਲਾਈ 2026 ਤੱਕ 165 ਹੋਣ ਦਾ ਅਨੁਮਾਨ ਏ ।

---

ਸਾਊਦੀ ਅਰਬ ਨੇ ਤੇਲ ਅਵੀਵ ਜਾ ਰਹੀ FLY ਦੁਬਈ  ਦੀ ਉਡਾਣ 'ਚ ਹਮਲਾ ਕਰਨ ਵਾਲੇ ਓਮਾਨੀ ਸਹਿ-ਪਾਇਲਟ ਨੂੰ ਜਾਂਚ ਲਈ ਸੰਯੁਕਤ ਅਰਬ ਅਮੀਰਾਤ ਦੇ ਹਵਾਲੇ ਕਰ ਦਿੱਤਾ ਏ । ਜਾਂਚਕਰਤਾਵਾਂ ਮੁਤਾਬਿਕ, ਓਮਾਨੀ ਸਹਿ-ਪਾਇਲਟ ਨੇ ਕਾਕਪਿਟ ਵਿੱਚ ਭਾਰਤੀ ਪਾਇਲਟ ਸਮਿਤ ਮਛਾਰ 'ਤੇ ਹਮਲਾ ਕੀਤਾ ਸੀ। ਇਸ ਘਟਨਾ ਤੋਂ ਬਾਅਦ, ਜਹਾਜ਼ ਨੂੰ ਬੁੱਧਵਾਰ ਨੂੰ ਸਾਊਦੀ ਅਰਬ ਦੇ ਸ਼ਹਿਰ ਤਾਬੂਕ ਵਿੱਚ ਐਮਰਜੈਂਸੀ ਲੈਂਡਿੰਗ ਕਰਨੀ ਪਈ। ਸਾਊਦੀ ਅਰਬ ਦੇ ਗ੍ਰਹਿ ਮੰਤਰਾਲੇ ਨੇ ਕਿਹਾ ਏ ਕਿ ਮੁੱਢਲੀ ਜਾਂਚ ਤੋਂ ਪਤਾ ਲੱਗਾ ਏ ਕਿ ਸਹਿ-ਪਾਇਲਟ ਨੇ ਉਡਾਣ ਦੌਰਾਨ ਕੈਪਟਨ 'ਤੇ ਹਮਲਾ ਕੀਤਾ ਸੀ। ਇਹ ਜਾਂਚ ਯੂਏਈ ਸੁਰੱਖਿਆ ਟੀਮਾਂ ਨਾਲ ਤਾਲਮੇਲ ਵਿੱਚ ਕੀਤੀ ਗਈ ਸੀ। ਸਾਊਦੀ ਅਰਬ ਦੇ ਉੱਪਰ ਉਡਾਣ ਭਰਦੇ ਸਮੇਂ ਵਾਪਰੀ ਇਸ ਘਟਨਾ ਦੀ ਜਾਂਚ ਅਜੇ ਵੀ ਸ਼ੁਰੂਆਤੀ ਪੜਾਅ ਵਿੱਚ ਏ ।

---

ਵਿਦੇਸ਼ ਮੰਤਰਾਲੇ ਨੇ ਕਿਹਾ ਏ ਕਿ ਉਹ ਇੱਕ ਭਾਰਤੀ ਨਾਗਰਿਕ ਅਤੇ FLY ਦੁਬਈ ਉਡਾਣ ਦੇ ਬਹਾਦਰ ਪਾਇਲਟ ਕੈਪਟਨ, ਸਮਿਤ ਮਛਾਰ ਦੀ ਸਿਹਤ ਸਥਿਤੀ 'ਤੇ ਨੇੜਿਓਂ ਨਜ਼ਰ ਰੱਖ ਰਿਹਾ ਏ । ਮੰਤਰਾਲੇ ਨੇ ਇੱਕ ਬਿਆਨ ਵਿੱਚ ਕਿਹਾ ਕਿ ਸਾਊਦੀ ਅਰਬ ਦੇ ਤਬੂਕ ਦੇ ਇੱਕ

ਹਸਪਤਾਲ ਵਿੱਚ ਸ਼ੁਰੂਆਤੀ ਇਲਾਜ ਤੋਂ ਬਾਅਦ, ਉਨ੍ਹਾਂ ਨੂੰ  ਹੁਣ ਅਗਲੇ ਇਲਾਜ ਲਈ ਅਬੂ ਧਾਬੀ ਤਬਦੀਲ ਕਰ ਦਿੱਤਾ ਗਿਆ ਏ l ਯੂਏਈ ਵਿੱਚ ਭਾਰਤੀ ਰਾਜਦੂਤ ਨੇ ਹਸਪਤਾਲ ਵਿੱਚ ਕੈਪਟਨ ਮਛਾਰ ਨਾਲ ਮੁਲਾਕਾਤ ਕੀਤੀ ਅਤੇ ਉਨ੍ਹਾਂ ਦੀ ਸਿਹਤ ਬਾਰੇ ਪੁੱਛਿਆ। ਇਸ ਤੋਂ ਪਹਿਲਾਂ, ਰਾਜਦੂਤ ਨੇ ਉਨ੍ਹਾਂ ਦੇ ਪਰਿਵਾਰ ਨਾਲ ਵੀ ਮੁਲਾਕਾਤ ਕੀਤੀ ਅਤੇ ਕੈਪਟਨ ਦੀ ਸਿਹਤ ਅਤੇ ਤੰਦਰੁਸਤੀ ਲਈ ਹਰ ਸੰਭਵ ਸਹਾਇਤਾ ਦਾ ਭਰੋਸਾ ਦਿੱਤਾ। ਅਬੂ ਧਾਬੀ ਵਿੱਚ ਭਾਰਤੀ ਦੂਤਘਰ ਅਤੇ ਦੁਬਈ ਵਿੱਚ ਭਾਰਤੀ ਕੌਂਸਲੇਖਾਨਾ ਇਸ ਮਾਮਲੇ 'ਤੇ ਸਥਾਨਕ ਅਧਿਕਾਰੀਆਂ ਨਾਲ ਨਿਰੰਤਰ ਸੰਪਰਕ ਵਿੱਚ ਨੇ.

---------------------------------------------------------------

ਰੂਸੀ ਰਾਸ਼ਟਰਪਤੀ ਵਲਾਦੀਮੀਰ ਪੁਤਿਨ ਨੇ ਪ੍ਰਧਾਨ ਮੰਤਰੀ ਨਰੇਂਦਰ ਮੋਦੀ ਦੀ ਸ਼ਲਾਘਾ ਕੀਤੀ ਏ. ਉਨ੍ਹਾਂ ਕਿਹਾ ਕਿ ਯੂਕਰੇਨ ਸੰਘਰਸ਼ ਦਾ ਸ਼ਾਂਤੀਪੂਰਨ ਹੱਲ ਲੱਭਣ ਲਈ ਸ਼੍ਰੀ ਮੋਦੀ ਦੇ ਵਿਚਾਰ ਬੇਹਦ ਚੰਗੇ ਨੇ. ਇੱਕ ਜਨਤਕ ਮੰਚ 'ਤੇ ਬੋਲਦਿਆਂ, ਰਾਸ਼ਟਰਪਤੀ ਪੁਤਿਨ ਨੇ ਭਾਰਤ ਦੇ ਕੂਟਨੀਤਕ ਯਤਨਾਂ ਲਈ ਧੰਨਵਾਦ ਪ੍ਰਗਟ ਕੀਤਾ। ਉਨ੍ਹਾਂ ਕਿਹਾ ਕਿ ਪ੍ਰਧਾਨ ਮੰਤਰੀ ਮੋਦੀ, ਨਿਯਮਿਤ ਤੌਰ 'ਤੇ ਦੁਵੱਲੀ ਚਰਚਾ ਦੌਰਾਨ ਜੰਗ ਨੂੰ ਖਤਮ ਕਰਨ ਦਾ ਮੁੱਦਾ ਉਠਾਉਂਦੇ ਨੇ.

--------------------------------------------------------------

ਪੈਟਰੋਲੀਅਮ ਅਤੇ ਕੁਦਰਤੀ ਗੈਸ ਮੰਤਰੀ ਹਰਦੀਪ ਸਿੰਘ ਪੁਰੀ ਨੇ ਕਿਹਾ ਕਿ ਭਾਰਤ ਦੀਆਂ ਵਧਦੀਆਂ ਊਰਜਾ ਜ਼ਰੂਰਤਾਂ ਨੂੰ ਦੇਸ਼ ਦੇ ਉਪਲਬਧ ਊਰਜਾ ਸਰੋਤਾਂ ਦੇ ਵਧੇਰੇ ਵਿਕਾਸ 'ਤੇ ਜ਼ੋਰ ਦਿੰਦੇ ਹੋਏ ਉਪਲਬਧਤਾ, ਕਿਫਾਇਤ ਅਤੇ ਸਥਿਰਤਾ ਦੇ ਮਾਧਿਅਮ ਵਜੋਂ ਪੂਰਾ ਕੀਤਾ ਜਾਣਾ ਚਾਹੀਦਾ ਏ । ਸ਼੍ਰੀ ਪੁਰੀ ਨੇ ਇਹ ਗੱਲ ਨਵੀਂ ਦਿੱਲੀ ਵਿੱਚ ਕੇਂਦਰੀ ਗੋਬਰਧਨ ਯੋਜਨਾ ਦੀ ਸ਼ੁਰੂਆਤ ਕਰਦਿਆਂ ਕਹੀ ।

BYTE

--------------------------------------------------------------

ਅੰਤਰਰਾਸ਼ਟਰੀ ਕ੍ਰਿਕੇਟ ਕੌਂਸਲ (ICC) ਨੇ ਅਗਲੇ ਸਾਲ ਦੱਖਣੀ ਅਫਰੀਕਾ, ਜ਼ਿੰਬਾਬਵੇ ਅਤੇ ਨਾਮੀਬੀਆ ਦੀ ਸਾਂਝੀ ਮੇਜ਼ਬਾਨੀ 'ਚ ਹੋਣ ਵਾਲੇ ਕ੍ਰਿਕੇਟ ਵਿਸ਼ਵ ਕੱਪ ਦੇ ਪ੍ਰੋਗ੍ਰਾਮ ਦਾ ਐਲਾਨ ਕਰ ਦਿੱਤਾ ਏ । ਇਹ ਵਿਸ਼ਵ ਕੱਪ 2 ਅਕਤੂਬਰ ਤੋਂ 21 ਨਵੰਬਰ ਦਰਮਿਆਨ ਹੋਵੇਗਾ। ਮੁਕਾਬਲੇ ਵਿੱਚ 14 ਟੀਮਾਂ ਵਿਚਕਾਰ ਕੁੱਲ 57 ਮੈਚ ਖੇਡੇ ਜਾਣਗੇ। ਗਰੁੱਪ ਏ ਵਿੱਚ ਭਾਰਤ, ਪਾਕਿਸਤਾਨ, ਆਸਟ੍ਰੇਲੀਆ, ਅਫਗਾਨਿਸਤਾਨ, ਸਹਿ-ਮੇਜ਼ਬਾਨ ਜ਼ਿੰਬਾਬਵੇ ਅਤੇ ਕੁਆਲੀਫਾਇਰ A ਦੀ ਟੀਮ ਸ਼ਾਮਲ ਏ । ਭਾਰਤ ਆਪਣਾ ਪਹਿਲਾ ਮੈਚ 7 ਅਕਤੂਬਰ ਨੂੰ ਮੌਜੂਦਾ ਚੈਂਪੀਅਨ ਆਸਟ੍ਰੇਲੀਆ ਖਿਲਾਫ਼ ਖੇਡੇਗਾ।

---

ਭਾਰਤ ਦੀ ਔਰਤਾਂ ਦੀ ਰਿਕਰਵ ਤੀਰਅੰਦਾਜ਼ੀ ਟੀਮ ਨੇ ਅੱਜ ਇੱਕ ਰੋਮਾਂਚਕ ਫਾਈਨਲ ਵਿੱਚ ਵਿਸ਼ਵ ਚੈਂਪੀਅਨ ਦੱਖਣੀ ਕੋਰੀਆ ਨੂੰ 5-3 ਨਾਲ ਹਰਾ ਕੇ ਆਪਣਾ ਪਹਿਲਾ ਏਸ਼ੀਆਈ ਖੇਡਾਂ ਦਾ ਸੋਨੇ ਦਾ ਤਮਗਾ ਜਿੱਤ ਕੇ ਇਤਿਹਾਸ ਰਚ ਦਿੱਤਾ ਏ। ਅੰਕਿਤਾ ਭਕਟ, ਕੀਰਤੀ ਸ਼ਰਮਾ ਅਤੇ ਕੁਮਕੁਮ ਮੋਹੋੜ 10 ਵਾਰ ਦੇ ਓਲੰਪਿਕ ਚੈਂਪੀਅਨਾਂ ਨੂੰ ਪਛਾੜ ਦਿੱਤਾ। ਇਹ ਔਰਤਾਂ ਦੇ ਰਿਕਰਵ ਟੀਮ ਮੁਕਾਬਲੇ ਵਿੱਚ ਭਾਰਤ ਦਾ ਪਹਿਲਾ ਏਸ਼ੀਆਈ ਖੇਡਾਂ ਦਾ ਸੋਨੇ ਦਾ ਤਮਗਾ ਏ.

---

- ਦੇਸ਼ ਅੱਜ ਰਾਸ਼ਟਰ ਪਿਤਾ ਮਹਾਤਮਾ ਗਾਂਧੀ ਤੇ ਸਾਬਕਾ ਪ੍ਰਧਾਨ ਮੰਤਰੀ ਲਾਲ ਬਹਾਦੁਰ ਸ਼ਾਸਤਰੀ ਨੂੰ ਉਨ੍ਹਾਂ ਦੀ  ਜਨਮ ਵਰ੍ਹੇਗੰਢ 'ਤੇ ਸ਼ਰਧਾਂਜਲੀ ਭੇਟ ਕਰ ਰਿਹਾ ਏ.

- ਗਾਂਧੀ ਜਯੰਤੀ ਦੇ ਮੌਕੇ 'ਤੇ ਅੱਜ ਦੇਸ਼ ਭਰ ਵਿੱਚ ਵਿਸ਼ੇਸ਼ ਗ੍ਰਾਮ ਸਭਾਵਾਂ ਹੋਣਗੀਆਂ।

- ਸ਼ਹਿਰੀ ਹਵਾਬਾਜ਼ੀ ਮੰਤਰਾਲੇ ਨੇ ਹਵਾਬਾਜ਼ੀ ਸੁਰੱਖਿਆ ਪ੍ਰਕਿਰਿਆਵਾਂ ਨੂੰ ਸਰਲ ਅਤੇ ਤੇਜ਼ ਕਰਨ ਲਈ ਕਈ ਸੁਧਾਰ ਸ਼ੁਰੂ ਕੀਤੇ.

- ਸਾਊਦੀ ਅਰਬ ਨੇ ਤੇਲ ਅਵੀਵ ਜਾ ਰਹੀ FLY ਦੁਬਈ  ਦੀ ਉਡਾਣ ‘ਚ ਹਮਲਾ ਕਰਨ ਵਾਲੇ ਓਮਾਨੀ ਸਹਿ-ਪਾਇਲਟ ਨੂੰ ਜਾਂਚ ਲਈ ਸੰਯੁਕਤ ਅਰਬ ਅਮੀਰਾਤ ਦੇ ਹਵਾਲੇ ਕਰ ਦਿੱਤਾ ਏ ।

- ਰੂਸੀ ਰਾਸ਼ਟਰਪਤੀ ਵਲਾਦੀਮੀਰ ਪੁਤਿਨ ਨੇ ਕਿਹੈ ਕਿ ਯੂਕਰੇਨ ਸੰਘਰਸ਼ ਦਾ ਸ਼ਾਂਤੀਪੂਰਨ ਹੱਲ ਲੱਭਣ ਲਈ ਪ੍ਰਧਾਨ ਮੰਤਰੀ ਨਰੇਂਦਰ ਮੋਦੀ ਦੇ ਵਿਚਾਰ ਬੇਹਦ ਚੰਗੇ ਨੇ.

ਭਾਰਤ ਦੀ ਔਰਤਾਂ ਦੀ ਰਿਕਰਵ ਤੀਰਅੰਦਾਜ਼ੀ ਟੀਮ ਨੇ ਏਸ਼ਿਆਈ ਖੇਡਾਂ ਵਿਚ ਆਪਣਾ ਪਹਿਲਾ ਸੋਨੇ ਦਾ ਤਮਗਾ ਜਿੱਤ ਕੇ ਇਤਿਹਾਸ ਰਚ ਦਿੱਤਾ ਏ ।

---

**ਇਸ ਦੇ ਨਾਲ ਹੀ ਰਾਸ਼ਟਰੀ ਖਬਰਾਂ ਦਾ ਇਹ ਬੁਲੇਟਿਨ ਖਤਮ ਹੁੰਦਾ ਏ। ਸਾਡਾ ਅਗਲਾ ਪ੍ਰਾਦੇਸ਼ਿਕ ਖਬਰਾਂ ਦਾ ਬੁਲੇਟਿਨ ਦੁਪਹਿਰ ਬਾਅਦ 1 ਵਜ ਕੇ 10 ਮਿੰਟ 'ਤੇ ਹੋਏਗਾ। ਨਮਸਕਾਰ!**